# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 27-01-2025**

- ਇੱਕਸਾਰ ਸਿਵਿਲ ਜ਼ਾਬਤਾ ਅੱਜ ਤੋਂ ਉੱਤਰਾਖੰਡ ਵਿੱਚ ਲਾਗੂ ਹੋਇਆ- ਉੱਤਰਾਖੰਡ ਅਜਿਹਾ ਕਾਨੂੰਨ ਲਾਗੂ ਕਰਨ ਵਾਲਾ, ਪਹਿਲਾ ਸੂਬਾ ਬਣਿਆ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਵੀਂ ਦਿੱਲੀ ਦੇ ਕਰਿਅੱਪਾ ਪਰੇਡ ਗਰਾਊਂਡ ਵਿਖੇ ਸਾਲਾਨਾ ਨੈਸ਼ਨਲ ਕੈਡੇਟ ਕੋਰ (NCC) ਪ੍ਰਧਾਨ ਮੰਤਰੀ ਰੈਲੀ ਨੂੰ ਸੰਬੋਧਨ ਕੀਤਾ।
- ਸੀਮਾ ਸੁਰੱਖਿਆ ਬਲ ਨੇ ਪਿਛਲੇ ਸਾਲ ਦੌਰਾਨ ਪੰਜਾਬ ਦੀ ਸਰਹੱਦ 'ਤੇ, 5 ਪਾਕਿਸਤਾਨੀ ਘੁਸਪੈਠੀਆਂ ਨੂੰ ਮਾਰ ਗਿਰਾਇਆ ਅਤੇ ਘੁਸਪੈਠ ਦੌਰਾਨ 30 ਪਾਕਿਸਤਾਨੀ ਨਾਗਰਿਕਾਂ ਨੂੰ ਫੜਿਆ ਏ ।

- ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਵੱਡੀ ਗਿਣਤੀ ਸੰਗਤਾਂ ਹੋਈਆਂ ਨਤਮਸਤਕ I
- ਪ੍ਰਧਾਨ ਮੰਤਰੀ ਮੋਦੀ ਕੱਲ ਉੱਤਰਾਖੰਡ ਵਿੱਚ 38ਵੀਆਂ ਰਾਸ਼ਟਰੀ ਖੇਡਾਂ ਦਾ ਉਦਘਾਟਨ ਕਰਨਗੇ।
- ਮੌਸਮ ਵਿਭਾਗ ਵਲੋਂ ਪੰਜਾਬ ਵਿਚ ਅੱਜ ਸੀਤ ਲਹਿਰ ਨੂੰ ਲੈ ਕੇ ਯੈਲੋ ਅਲਰਟ ਜਾਰੀ।

---

ਇੱਕਸਾਰ ਸਿਵਿਲ ਜ਼ਾਬਤਾ, UCC, ਅੱਜ ਤੋਂ ਉੱਤਰਾਖੰਡ ਵਿੱਚ ਲਾਗੂ ਹੋ ਗਿਆ ਏ , ਜਿਸ ਨਾਲ ਇਹ, ਅਜਿਹਾ ਕਾਨੂੰਨ ਲਾਗੂ ਕਰਨ ਵਾਲਾ, ਪਹਿਲਾ ਸੂਬਾ ਬਣ ਗਿਆ ਏ। ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਇਸਦਾ ਐਲਾਨ ਕੀਤਾ I UCC ਦਾ ਉਦੇਸ਼ ਨਿੱਜੀ ਸਿਵਲ ਕਾਨੂੰਨਾਂ ਨੂੰ ਇੱਕ ਮਿਆਰ ਦਾ ਬਣਾਉਣਾ ਤੇ ਸਾਰੇ ਨਾਗਰਿਕਾਂ ਲਈ ਬਰਾਬਰ ਅਧਿਕਾਰਾਂ ਨੂੰ ਯਕੀਨੀ ਬਣਾਉਣਾ ਏ। UCC ਤਹਿਤ, ਨਿੱਜੀ ਸਿਵਲ ਮਾਮਲਿਆਂ ਨਾਲ ਸਬੰਧਤ ਸਾਰੇ ਕਾਨੂੰਨਾਂ ਵਿੱਚ ਇਕਸਾਰਤਾ ਲਿਆਉਣ

ਦਾ ਯਤਨ ਕੀਤਾ ਗਿਆ ਏ I UCC, ਪੱਟੀਦਰਜ ਕਬੀਲਿਆਂ ਨੂੰ ਛੱਡ ਕੇ, ਸੂਬੇ  ਦੇ ਸਾਰੇ ਨਾਗਰਿਕਾਂ ਲਈ ਵਿਆਹ, ਤਲਾਕ, ਉਤਰਾਧਿਕਾਰ ਅਤੇ ਵਿਰਾਸਤ 'ਤੇ, ਇੱਕੋ ਜਿਹੇ ਅਤੇ ਬਰਾਬਰ ਨੇਮਾਂ ਦੀ ਸਥਾਪਨਾ ਸੰਬੰਧੀ ਏ, ਭਾਵੇਂ ਇਹ ਨਾਗਰਿਕ ਕਿਸੇ ਵੀ ਧਰਮ ਦੇ ਹੋਣ । ਇਹ ਸਾਰੇ ਵਿਆਹਾਂ ਅਤੇ ਲਿਵ-ਇਨ ਸੰਬੰਧਾਂ ਦੀ ਰਜਿਸਟ੍ਰੇਸ਼ਨ ਨੂੰ ਲਾਜ਼ਮੀ ਬਣਾਉਂਦਾ ਏ ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਵੀਂ ਦਿੱਲੀ ਦੇ ਕਰਿਅੱਪਾ ਪਰੇਡ ਗਰਾਊਂਡ ਵਿਖੇ ਸਾਲਾਨਾ ਨੈਸ਼ਨਲ ਕੈਡੇਟ ਕੋਰ (NCC) ਪ੍ਰਧਾਨ ਮੰਤਰੀ ਰੈਲੀ ਨੂੰ ਸੰਬੋਧਨ ਕੀਤਾ । ਇਸ ਮੌਕੇ ਪ੍ਰਧਾਨ ਮੰਤਰੀ ਨੇ ਕਿਹਾ

**BYTE :**

ਪ੍ਰਧਾਨ ਮੰਤਰੀ ਮੋਦੀ ਨੇ ਨੱਚ ਕੈਡਿਟਾਂ ਦੀ ਗਿਣਤੀ ਵਿਚ ਹੋਏ ਵਾਧੇ ਤੇ ਮਾਣ ਮਹਿਸੂਸ ਕਰਦਿਆਂ ਕਿਹਾ

**BYTE:**

ਇਸ ਸਾਲ ਦੀ NCC ਪ੍ਰਧਾਨ ਮੰਤਰੀ ਰੈਲੀ ਦਾ ਵਿਸ਼ਾ 'ਯੁਵਾ ਸ਼ਕਤੀ, ਵਿਕਸ਼ਿਤ ਭਾਰਤ' ਰੱਖਿਆ ਗਿਆ। ਸਮਾਗਮ ਦੌਰਾਨ, 800 ਤੋਂ ਵੱਧ ਕੈਡਿਟਾਂ ਵੱਲੋਂ ਇੱਕ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਜੋ ਕਿ ਰਾਸ਼ਟਰ ਨਿਰਮਾਣ ਪ੍ਰਤੀ NCC ਦੀ ਵਚਨਬੱਧਤਾ ਨੂੰ ਦਰਸਾਉਂਦਾ ਏ। ਇਸ ਤੋਂ ਇਲਾਵਾ, ਰੈਲੀ ਵਿੱਚ 18 ਦੋਸਤਾਨਾ ਦੇਸ਼ਾਂ ਦੇ 144 ਨੌਜਵਾਨ ਕੈਡਿਟਾਂ ਦੀ ਹਿੱਸੇਦਾਰੀ ਵੀ ਦੇਖਣ ਨੂੰ ਮਿਲੀ। ਨਾਲ ਹੀ, ਮੇਰਾ ਯੁਵਾ ਭਾਰਤ, ਸਿੱਖਿਆ ਮੰਤਰਾਲੇ ਅਤੇ ਦੇਸ਼ ਭਰ ਤੋਂ ਕਬਾਇਲੀ ਮਾਮਲਿਆਂ ਦੇ 650 ਤੋਂ ਵੱਧ ਵਾਲੰਟੀਅਰਸ ਵੀ ਵਿਸ਼ੇਸ਼ ਮਹਿਮਾਨ ਵਜੋਂ ਰੈਲੀ ਵਿੱਚ ਸ਼ਾਮਲ ਹੋਏ।

-----------------------------------------------------------

ਸੀਮਾ ਸੁਰੱਖਿਆ ਬਲ -BSF ਨੇ ਪਿਛਲੇ ਸਾਲ ਜਨਵਰੀ, 2024 ਤੋਂ ਇਸ ਸਾਲ 26 ਜਨਵਰੀ ਤੱਕ, ਪੰਜਾਬ ਦੀ ਸਰਹੱਦ 'ਤੇ 5 ਪਾਕਿਸਤਾਨੀ ਘੁਸਪੈਠੀਆਂ ਨੂੰ ਮਾਰ ਗਿਰਾਇਆ ਅਤੇ ਪਾਕਿਸਤਾਨ ਤੋਂ ਭਾਰਤੀ ਖੇਤਰ ਵਿੱਚ, ਘੁਸਪੈਠ ਦੌਰਾਨ 30 ਪਾਕਿਸਤਾਨੀ ਨਾਗਰਿਕਾਂ ਨੂੰ ਫੜਿਆ ਏ। BSF ਦੇ ਵਧੀਕ ਡਾਇਰੈਕਟਰ ਜਨਰਲ, ਸਤੀਸ਼ ਖੰਡਾਰੇ ਨੇ ਬੀਤੀ ਸ਼ਾਮ

ਅੰਮ੍ਰਿਤਸਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਜਾਣਕਾਰੀ ਦਿਤੀ ਕਿ BSF ਨੇ ਇਸੇ ਸਮੇਂ ਦੌਰਾਨ, 101 ਭਾਰਤੀ ਤਸਕਰਾਂ ਨੂੰ ਵੀ ਕਾਬੂ ਕੀਤਾ ਏ। BSF ਦੇ ਪੰਜਾਬ ਫਰੰਟੀ ਦੇ ਇੰਸਪੈਕਟਰ ਜਨਰਲ, ਡਾ: ਅਤੁਲ ਫੁਲਜ਼ਲੇ ਵੀ, ਉਨ੍ਹਾਂ ਦੇ ਨਾਲ ਮੌਜੂਦ ਸਨ। ਸ੍ਰੀ ਖੰਡਾਰੇ ਨੇ ਦੱਸਿਆ ਕਿ, BSF ਨੇ 301 ਕਿਲੋਗ੍ਰਾਮ ਹੈਰੋਇਨ, 319 ਪਾਕਿਸਤਾਨੀ ਡਰੋਨ, ਵੱਖ-ਵੱਖ ਤਰਾਂ ਦੇ 40 ਹਥਿਆਰ ਅਤੇ 375 ਤੋਂ ਵੱਧ ਗੋਲਾ ਬਾਰੂਦ ਬਰਾਮਦ ਕੀਤਾ ਏ। ਸ੍ਰੀ ਖੰਡਾਰੇ ਨੇ, ਸਰਹੱਦ-ਪਾਰ ਅਪਰਾਧ ਨੂੰ ਰੋਕਣ ਲਈ, BSF ਦੀ ਮਦਦ ਲਈ, ਪਿੰਡ ਰੱਖਿਆ ਕਮੇਟੀਆਂ ਦੇ ਅਟੁੱਟ ਸਮਰਥਨ ਦੀ ਵੀ ਸ਼ਲਾਘਾ ਕੀਤੀ।

-----------------------------------------------------------

ਬੀ.ਜੇ.ਪੀ ਦੇ ਸੀਨੀਅਰ ਨੇਤਾ ਸੰਬਿਤ ਪਾਤਰਾ ਨੇ ਇਲਜ਼ਾਮ ਲਾਇਆ ਏ ਕਿ, ਪੰਜਾਬ ਦੇ ਅੰਮ੍ਰਿਤਸਰ ਵਿੱਚ, ਡਾਕਟਰ ਭੀਮ ਰਾਓ ਅੰਬੇਡਕਰ ਦੇ ਬੁੱਤ ਦੀ ਭੰਨਤੋੜ ਕੀਤੀ ਗਈ ਏ। ਉਨ੍ਹਾਂ ਨੇ ਇਸ ਨੂੰ ਸ਼ਰਮਨਾਕ ਦੱਸਦਿਆਂ ਕਿਹਾ ਕਿ, ਇਹ ਘਟਨਾ ਸੂਬੇ ਦੀ ਮੌਜੂਦਾ ਕਾਨੂੰਨ ਵਿਵਸਥਾ

ਨੂੰ ਦਰਸਾਉਂਦੀ ਏ । ਸ੍ਰੀ ਪਾਤਰਾ ਨੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੂੰ ਵੀ ਮੁਆਫ਼ੀ ਮੰਗਣ ਲਈ ਕਿਹਾ ਏ।

---------------------------------------------------------

ਇਸੇ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ, ਕਿ ਅੰਮ੍ਰਿਤਸਰ ਦੇ ਹੈਰੀਟੇਜ ਸਟ੍ਰੀਟ ਵਿਖੇ ਭਾਰਤ ਰਤਨ, ਬਾਬਾ ਸਾਹਿਬ ਡਾ. ਭੀਮਰਾਓ ਅੰਬੇਡਕਰ ਦੇ ਬੁੱਤ ਨੂੰ ਨੁਕਸਾਨ ਪਹੁੰਚਾਉਣ ਵਾਲਿਆਂ ਨੂੰ ਸਜ਼ਾ ਦਿੱਤੀ ਜਾਵੇਗੀ । ਇਸ ਨੂੰ ਮੰਦਭਾਗਾ ਅਤੇ ਦੁਖਦਾਈ ਕਰਾਰ ਦਿੰਦਿਆਂ, ਮੁੱਖ ਮੰਤਰੀ ਨੇ ਕਿਹਾ ਕਿ ਇਸ ਨਾਲ ਬਾਬਾ ਸਾਹਿਬ ਅੰਬੇਡਕਰ ਦਾ ਸਨਮਾਨ ਕਰਨ ਵਾਲੇ ਹਰ ਵਿਅਕਤੀ ਨੂੰ ਠੇਸ ਪਹੁੰਚੀ ਏ । ਲੋਕਾਂ ਨੂੰ ਸੰਜਮ ਵਰਤਣ ਦੀ ਅਪੀਲ ਕਰਦਿਆਂ, ਉਨ੍ਹਾਂ ਕਿਹਾ ਕਿ ਸੂਬੇ ਵਿੱਚ ਸ਼ਾਂਤੀ ਭੰਗ ਕਰਨ ਦੀ ਕੋਸ਼ਿਸ਼ ਕਰਨ ਵਾਲੇ ਬਦਮਾਸ਼ਾਂ ਵਿਰੁੱਧ ਕਾਰਵਾਈ ਕੀਤੀ ਜਾਵੇਗੀ । ਮੁੱਖ ਮੰਤਰੀ ਨੇ ਸੂਬੇ ਵਿੱਚ ਫਿਰਕੂ ਸਦਭਾਵਨਾ, ਸ਼ਾਂਤੀ ਅਤੇ ਭਾਈਚਾਰੇ ਨੂੰ ਮਜ਼ਬੂਤ ਕਰਨ ਲਈ ਲੋਕਾਂ ਨੂੰ ਪੂਰਾ ਸਮਰਥਨ ਅਤੇ ਸਹਿਯੋਗ ਦੇਣ ਦੀ ਅਪੀਲ ਕੀਤੀ । ਸਾਡੇ

ਪੱਤਰਕਾਰ ਨੇ ਦੱਸਿਆ ਕਿ ਉਸ ਵਿਅਕਤੀ ਨੂੰ ਘਟਨਾ ਤੋਂ ਤੁਰੰਤ ਬਾਅਦ, ਅੰਮ੍ਰਿਤਸਰ ਪੁਲਿਸ ਨੇ ਗ੍ਰਿਫਤਾਰ ਕਰ ਲਿਆ ਸੀ।

----------------------------------------------------

ਓਧਰ ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅੰਮ੍ਰਿਤਸਰ ਵਿਚ ਵਾਪਰੀ ਇਸ ਘਟਨਾ ਦੇ ਮਦੇਨਜ਼ਰ, ਜਲੰਧਰ ਜ਼ਿਲ੍ਹਾ ਪੁਲਿਸ ਨੂੰਜ਼ਿਲ੍ਹੇ ਵਿੱਚ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਜੀ ਦੀਆਂ ਸਥਾਪਤ ਪ੍ਰਤਿਮਾਵਾਂ ਦੀ ਸੁਰੱਖਿਆ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

----------------------------------------------------

ਇਕ ਘਟਨਾ ਨੂੰ ਇਕ ਵੱਡੀ ਸਾਜ਼ਿਸ਼ ਦਾ ਸੰਕੇਤ ਦੱਸਦਿਆਂ ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ ਦੇ ਸੂਬਾਈ ਮੀਤ ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਇਸ ਘਟਨਾ ਦੀ ਨਿੰਦਾ ਕੀਤੀ ਏ। ਓਨਾ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ‘ਚ ਅਮਨ ਕਾਨੂੰਨ ਵਿਵਸਥਾ ਨੂੰ ਬਰਕਰਾਰ ਰੱਖਣ ਵਿੱਚ ਅਸਫਲ ਸਾਬਿਤ ਹੋ ਰਹੀ ਏ । ਓਹਨਾ ਨੇ

ਕਿਹਾ ਕਿ ਇਹ ਇੱਕ ਘਿਨਾਉਣਾ ਕੰਮ ਏ ਜਿਸਨੇ ਲੱਖਾਂ ਲੋਕਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ। ਸਥਿਤੀ ਦੀ ਗੰਭੀਰਤਾ ਨੂੰ ਦੇਖਦੇ ਹੋਏ ਪੰਜਾਬ ਸਰਕਾਰ ਇਸ ਵਿਚ ਤੁਰੰਤ ਦਖਲ ਦੇਵੇ ਅਤੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰੇ।

---------------------------------------------------

ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਅੱਜ ਅੰਮ੍ਰਿਤਸਰ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਵਿਖੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਨਤਮਸਤਕ ਹੋਈਆਂ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਵੀ ਹਾਜ਼ਰੀ ਭਰੀ। ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੰਗਤ ਨੂੰ ਬਾਬਾ ਦੀਪ ਸਿੰਘ ਦੇ ਜੀਵਨ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ। ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸੰਗਤਾਂ ਨੂੰ ਸ਼ਹੀਦਾਂ ਵੱਲੋਂ ਪਾਏ ਪੂਰਨਿਆਂ ’ਤੇ ਚਲਣ ਦੀ

ਪ੍ਰੇਰਨਾ ਦਿਤੀ। ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰ ਜਥਿਆਂ ਨੇ ਸੰਗਤ ਨੂੰ ਸਿੱਖ ਕੌਮ ਦੇ ਸ਼ਾਨਾਮੱਤੇ ਇਤਿਹਾਸ ਨਾਲ ਜੋੜਿਆ।

----------------------------------------------------------

ਅੰਮ੍ਰਿਤਸਰ ਕਾਊਂਟਰ ਇੰਟੈਲੀਜੈਂਸ ਵਿੰਗ ਨੇ ਖੁਫੀਆ ਜਾਣਕਾਰੀ 'ਤੇ ਆਧਾਰਿਤ ਕਾਰਵਾਈ ਦੌਰਾਨ ਪੰਜਾਬ 'ਚ ਇੱਕ ਗਿਰੋਹ ਦੇ 6 ਵਿਅਕਤੀਆਂ ਨੂੰ ਹਥਿਆਰਾਂ ਅਤੇ ਗੋਲਾ ਬਾਰੂਦ ਸਮੇਤ ਗ੍ਰਿਫਤਾਰ ਕਰਕੇ ਵੱਡੀ ਟਾਰਗੇਟ ਕਿਲਿੰਗ ਨੂੰ ਅੰਜਾਮ ਦਿੱਤਾ ਏ। ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਨੇ ਦੱਸਿਆ ਕਿ ਇਹ ਮੁਲਜ਼ਮ ਸਾਲ 2022 ਕਬੱਡੀ ਖਿਡਾਰੀ ਸੰਦੀਪ ਸਿੰਘ ਨੰਗਲ ਅੰਬੀਆਂ ਦੇ ਕਤਲ ਤੇ ਹੋਰ ਜੁਰਮ ਵਿੱਚ ਸ਼ਾਮਲ ਸਨ।

----------------------------------------------------------

ਮੁੱਖ ਕਮਿਸ਼ਨਰ ਗੁਰਦੁਆਰਾ ਚੋਣਾਂ, ਚੰਡੀਗੜ੍ਹ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਨਵੇਂ ਬੋਰਡ ਦੇ ਗਠਨ ਲਈ ਵੋਟਰ ਸੂਚੀ ’ਚ ਦਰਜ ਵੇਰਵਿਆਂ ’ਤੇ ਦਾਅਵੇ ਤੇ ਇਤਰਾਜ਼ ਪ੍ਰਾਪਤੀ ਦੀ ਆਖਰੀ ਤਰੀਕ ਵਿੱਚ 10 ਮਾਰਚ ਤੱਕ ਵਾਧਾ ਕਰ ਦਿੱਤਾ ਗਿਆ ਏ।

ਜਲੰਧਰ ਦੇ ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਵੇਂ ਬੋਰਡ ਦੇ ਗਠਨ ਲਈ, ਵੋਟਰ ਸੂਚੀਆਂ ਦੀ ਤਿਆਰੀ ਸਬੰਧੀ 3 ਜਨਵਰੀ ਨੂੰ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ ਮਗਰੋਂ ਇਸ ਸੂਚੀ ’ਤੇ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨ ਦੀ ਆਖਰੀ ਤਰੀਕ ਇਸ ਸਾਲ 24 ਜਨਵਰੀ ਨਿਰਧਾਰਤ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਚੀਫ਼ ਕਮਿਸ਼ਨਰ ਗੁਰਦੁਆਰਾ ਚੋਣਾਂ ਵੱਲੋਂ ਪ੍ਰਾਪਤ ਸੋਧੀ ਪ੍ਰੋਗਰਾਮ ਅਨੁਸਾਰ ਇਸ ਤਰੀਕ ਵਿੱਚ ਤਬਦੀਲੀ ਕਰਦੇ ਹੋਏ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨ ਦੀ ਮਿਤੀ 10 ਮਾਰਚ ਤੱਕ ਵਧਾ ਦਿੱਤੀ ਗਈ ਏ । ਉਨ੍ਹਾਂ ਦੱਸਿਆ ਕਿ ਦਾਅਵੇ ਅਤੇ ਇਤਰਾਜ਼ਾਂ ਦਾ ਨਿਪਟਾਰਾ ਸਿੱਖ ਗੁਰਦੁਆਰਾ ਬੋਰਡ ਚੋਣ ਨਿਯਮ, 1959 ਦੇ ਨਿਯਮ 10 (3) ਅਨੁਸਾਰ, 24 ਮਾਰਚ ਤੱਕ ਕਰ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਉਪਰੰਤ 15 ਅਪ੍ਰੈਲ ਨੂੰ ਸਪਲੀਮੈਂਟਰੀ ਵੋਟਰ ਸੂਚੀਆਂ ਦੀ ਤਿਆਰੀ ਅਤੇ ਛਪਾਈ ਕੀਤੀ ਜਾਵੇਗੀ ਅਤੇ 16 ਅਪ੍ਰੈਲ ਨੂੰ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਕਰ ਦਿੱਤੀ ਜਾਵੇਗੀ ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ ਉੱਤਰਾਖੰਡ ਦੇ ਦੇਹਰਾਦੂਨ ਦੇ ਮਹਾਰਾਣਾ ਪ੍ਰਤਾਪ ਸਟੇਡੀਅਮ ਵਿੱਚ 38ਵੀਆਂ ਰਾਸ਼ਟਰੀ ਖੇਡਾਂ ਦਾ ਉਦਘਾਟਨ ਕਰਨਗੇ। ਉਦਘਾਟਨੀ ਸਮਾਗਮ ਲਈ ਕੇਂਦਰੀ ਮੰਤਰੀ, ਭਾਰਤੀ ਓਲੰਪਿਕ ਸੰਘ ਅਤੇ ਰਾਸ਼ਟਰੀ ਖਿਡਾਰੀਆਂ ਸਮੇਤ ਵੱਖ-ਵੱਖ ਮਹਿਮਾਨਾਂ ਨੇ ਪਹੁੰਚਣਾ ਸ਼ੁਰੂ ਕਰ ਦਿੱਤਾ ਏ । ਇਸੇ ਲੜੀ ਤਹਿਤ ਅੱਜ ਭਾਰਤੀ ਓਲੰਪਿਕ ਸੰਘ ਦੀ ਪ੍ਰਧਾਨ ਪੀ.ਟੀ.ਊਸ਼ਾ ਦਾ ਦੇਹਰਾਦੂਨ ਹਵਾਈ ਅੱਡੇ 'ਤੇ ਪਹੁੰਚਣ 'ਤੇ ਸੂਬੇ ਦੀ ਖੇਡ ਮੰਤਰੀ ਰੇਖਾ ਆਰੀਆ ਨੇ ਉਨ੍ਹਾਂ ਦਾ ਸਵਾਗਤ ਕੀਤਾ | ਉੱਤਰਾਖੰਡ 38ਵੀਂ ਰਾਸ਼ਟਰੀ ਖੇਡਾਂ ਦੀ ਮੇਜ਼ਬਾਨੀ ਕਰਨ ਲਈ ਪੂਰੀ ਤਰ੍ਹਾਂ ਤਿਆਰ ਏ । ਕੱਲ੍ਹ ਤੋਂ ਸ਼ੁਰੂ ਹੋਣ ਵਾਲੀਆਂ ਖੇਡਾਂ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ । ਇਹ ਮੈਚ 14 ਫਰਵਰੀ ਤੱਕ ਖੇਡੇ ਜਾਣਗੇ। ਸੂਬੇ ਦੇ 8 ਜ਼ਿਲ੍ਹਿਆਂ ਦੇ 11 ਸ਼ਹਿਰਾਂ ਵਿੱਚ ਰਾਸ਼ਟਰੀ ਖੇਡਾਂ ਆਯੋਜਿਤ ਕਰਨ ਦੀ ਤਜਵੀਜ਼ ਏ । ਉੱਤਰਾਖੰਡ ਵਿੱਚ 35 ਖੇਡਾਂ ਵਿੱਚ ਕੁੱਲ 47 ਮੁਕਾਬਲੇ ਕਰਵਾਏ ਜਾਣਗੇ। ਖੇਡਾਂ ਵਿੱਚ ਹਿੱਸਾ ਲੈਣ ਲਈ ਦੇਸ਼ ਦੇ ਵੱਖ-ਵੱਖ

ਹਿੱਸਿਆਂ ਤੋਂ ਖਿਡਾਰੀ ਅਤੇ ਮਹਿਮਾਨ ਆ ਰਹੇ ਨੇ। ਇਸ ਦੌਰਾਨ ਕੌਮੀ ਖੇਡਾਂ ਦੇ ਰਸਮੀ ਉਦਘਾਟਨ ਤੋਂ ਪਹਿਲਾਂ, 26 ਜਨਵਰੀ ਨੂੰ ਊਧਮ ਸਿੰਘ ਨਗਰ ਦੇ ਗੋਲਾਪੁਰ ਵਿਖੇ ਟ੍ਰਾਈ-ਥਲੋਨ ਮੁਕਾਬਲਾ ਕਰਵਾਇਆ ਗਿਆ। ਮਣੀਪੁਰ ਅਤੇ ਮਹਾਰਾਸ਼ਟਰ ਨੇ ਆਪਣਾ ਪਹਿਲਾ ਤਮਗਾ ਜਿੱਤਿਆ। ਅੱਜ, ਬੀਚ ਹੈਂਡਬਾਲ ਦੇ ਸ਼ੁਰੂਆਤੀ ਗਰੁੱਪ ਮੈਚ ਸੈਂਡ ਬੀਚ, ਸ਼ਿਵਪੁਰੀ, ਟਿਹਰੀ ਵਿਖੇ ਹੋ ਰਹੇ ਨੇ।

---------------------------------------------------------------------

ਮੌਸਮ ਵਿਭਾਗ ਨੇ ਪੰਜਾਬ ਵਿਚ ਅੱਜ ਸੀਤ ਲਹਿਰ ਨੂੰ ਲੈ ਕੇ ਯੈਲੋ ਅਲਰਟ ਜਾਰੀ ਕੀਤਾ ਏ। ਪੰਜਾਬ ਵਿਚ ਆਉਣ ਵਾਲੇ ਹਫ਼ਤੇ ਦੌਰਾਨ, ਸਰਗਰਮ ਹੋਣ ਵਾਲੀਆਂ ਦੋ ਪੱਛਮੀ ਗੜਬੜੀਆਂ ਦਾ ਅਸਰ ਗੁਆਂਢੀ ਸੂਬੇ ਹਿਮਾਚਲ ਦੇ ਪਹਾੜੀ ਇਲਾਕਿਆਂ ਵਿਚ ਪਵੇਗਾ। ਪੰਜਾਬ ਦੇ ਮੈਦਾਨੀ ਇਲਾਕਿਆਂ ਵਿਚ ਬਾਰਿਸ਼ ਤੇ ਬੂੰਦਾਬਾਂਦੀ ਦੇ ਆਸਾਰ ਨੇ, ਜਦਕਿ ਦੂਜੀ ਪੱਛਮੀ ਗੜਬੜੀ ਪਹਿਲੀ ਫਰਵਰੀ ਤੋਂ ਸਰਗਰਮ ਹੋ ਰਹੀ ਏ। ਮੌਸਮ ਵਿਭਾਗ ਮੁਤਾਬਕ ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਹੁਸ਼ਿਆਰਪੁਰ, ਨਵਾਂਸ਼ਹਿਰ, ਕ

ਪੂਰਥਲਾ, ਜਲੰਧਰ, ਫਿਰੋਜ਼ਪੁਰ, ਫ਼ਾਜ਼ਿਲਕਾ, ਫਰੀਦਕੋਟ, ਮੁਕਤਸਰ, ਮੋਗਾ ਤੇ ਬਠਿੰਡਾ ਵਿਚ ਸੀਤ ਲਹਿਰ ਦਾ ਅਸਰ ਬਣਿਆ ਰਹੇਗਾ। ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਨਿਦੇਸ਼ਕ ਸੁਰਿੰਦਰ ਪਾਲ ਨੇ ਦਸਿਆ

**Byte**

---------------------------------------------------------------------------

- ਇੱਕਸਾਰ ਸਿਵਿਲ ਜ਼ਾਬਤਾ ਅੱਜ ਤੋਂ ਉੱਤਰਾਖੰਡ ਵਿੱਚ ਲਾਗੂ ਹੋਇਆ- ਉੱਤਰਾਖੰਡ ਅਜਿਹਾ ਕਾਨੂੰਨ ਲਾਗੂ ਕਰਨ ਵਾਲਾ, ਪਹਿਲਾ ਸੂਬਾ ਬਣਿਆ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਵੀਂ ਦਿੱਲੀ ਦੇ ਕਰਿਅੱਪਾ ਪਰੇਡ ਗਰਾਊਂਡ ਵਿਖੇ ਸਾਲਾਨਾ ਨੈਸ਼ਨਲ ਕੈਡੇਟ ਕੋਰ (NCC) ਪ੍ਰਧਾਨ ਮੰਤਰੀ ਰੈਲੀ ਨੂੰ ਸੰਬੋਧਨ ਕੀਤਾ।
- ਸੀਮਾ ਸੁਰੱਖਿਆ ਬਲ ਨੇ ਪਿਛਲੇ ਸਾਲ ਦੌਰਾਨ ਪੰਜਾਬ ਦੀ ਸਰਹੱਦ 'ਤੇ, 5 ਪਾਕਿਸਤਾਨੀ ਘੁਸਪੈਠੀਆਂ ਨੂੰ ਮਾਰ ਗਿਰਾਇਆ ਅਤੇ ਘੁਸਪੈਠ ਦੌਰਾਨ 30 ਪਾਕਿਸਤਾਨੀ ਨਾਗਰਿਕਾਂ ਨੂੰ ਫੜਿਆ ਏ ।

- ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਵੱਡੀ ਗਿਣਤੀ ਸੰਗਤਾਂ ਹੋਈਆਂ ਨਤਮਸਤਕ I
- ਪ੍ਰਧਾਨ ਮੰਤਰੀ ਮੋਦੀ ਕੱਲ ਉੱਤਰਾਖੰਡ ਵਿੱਚ 38ਵੀਆਂ ਰਾਸ਼ਟਰੀ ਖੇਡਾਂ ਦਾ ਉਦਘਾਟਨ ਕਰਨਗੇ।
- ਮੌਸਮ ਵਿਭਾਗ ਵਲੋਂ ਪੰਜਾਬ ਵਿਚ ਅੱਜ ਸੀਤ ਲਹਿਰ ਨੂੰ ਲੈ ਕੇ ਯੈਲੋ ਅਲਰਟ ਜਾਰੀ।

---------------------------------------------------